# ਦਫਤਰ ਜਿਲ੍ਹਾ ਸਿੱਖਿਆ ਅਫਸਰ(ਸੈ:ਸਿੱ) ਰੂਪਨਗਰ

ਮਿੰਨੀ ਸੈਕਟਰੀਏਟ ਤੀਜੀ ਮੰਜਿਲ ਰੂਪਨਗਰ

ਜਨਰਲ ਸ਼ਾਖਾ

ਵੱਲ

ਪ੍ਰਿੰਸੀਪਲ ਸ.ਸ.ਸ.ਸ./ ਸ.ਹ.ਸ/ਸ.ਮਿ.ਸ.

ਰੂਪਨਗਰ ।

ਪੱਤਰ ਨੰ:-ਸਕਾਲਰਸ਼ਿਪ 2024/ਜੀ-2/2024।।5744

ਮਿਤੀ:- 09/05/2024

ਵਿਸ਼ਾ:- **ਸੈਸ਼ਨ 2024-25 ਦੌਰਾਨ ਵੱਖ-ਵੱਖ ਸੈਂਟਰਲੀ / ਸਟੇਟ ਸਪਾਂਸਰਡ ਵਜੀਫਾ ਸਕੀਮਾਂ ਅਧੀਨ ਯੋਗ ਵਿਦਿਆਰਥੀਆਂ ਨੂੰ ਅਪਲਾਈ ਕਰਵਾਉਣ ਸਬੰਧੀ ।**

ਹਵਾਲਾ:- **ਮਾਨਯੋਗ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਪੰਜਾਬ ਜੀ ਦੇ ਮੀਮੋ ਨੰ:- ਈ-69266/2024115475 ਮਿਤੀ- 08/05/2024 ਸਬੰਧੀ ।**

ਉਪਰੋਕਤ ਵਿਸ਼ੇ ਅਤੇ ਹਵਾਲੇ ਸਬੰਧੀ ਲਿਖਿਆ ਜਾਂਦਾ ਹੈ ਕਿ ਸੈਸ਼ਨ 2024-25 ਦੌਰਾਨ ਵੱਖ-ਵੱਖ ਸੈਂਟਰਲੀ / ਸਟੇਟ ਸਪਾਂਸਰਡ ਵਜੀਫਾ ਸਕੀਮਾਂ ਅਧੀਨ ਯੋਗ ਵਿਦਿਆਰਥੀਆਂ ਨੂੰ ਅਪਲਾਈ ਕਰਵਾਉਣ ਲਈ ਈ- ਪੰਜਾਬ ਪੋਰਟਲ 01/06/2024 ਤੋਂ ਖੋਲ ਦਿੱਤਾ ਜਾਵੇਗਾ । ਸੋ ਨੱਥੀ ਪੱਤਰ ਵਿੱਚ ਦਰਜ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਯਕੀਨੀ ਬਣਾਈ ਜਾਵੇ । ਇਸ ਗੱਲ ਦਾ ਖਾਸ ਧਿਆਨ ਰੱਖਿਆ ਜਾਵੇ ਕਿ ਵਿਦਿਆਰਥੀਆਂ ਦੇ ਲੋੜੀਦੇ ਦਸਤਾਵੇਜ ਇਨਕਮ ਸਰਟੀਫਿਕੇਟ, ਜਾਤੀ ਸਰਟੀਫਿਕੇਟ, ਡੋਮੀਸਾਈਲ ਸਰਟੀਫਿਕੇਟ, ਅਧਾਰ ਕਾਰਡ ਤੁਰੰਤ ਬਣਵਾਉਣੇ ਯਕੀਨੀ ਬਣਾਏ ਜਾਣ । ਅਧਾਰ ਸੀਡਿਡ ਹੋਣੇ ਅਤਿ ਜਰੂਰੀ ਹਨ । ਬੈਂਕ ਖਾਤੇ ਚਾਲੂ ਹਾਲਤ ਵਿੱਚ ਹੋਵੇ ਅਤੇ ਜੇਕਰ IFSC ਕੋਡ ਬਦਲ ਗਿਆ ਹੈ ਤਾਂ ਉਹ ਅਪਡੇਟ ਕਰਵਾਇਆ ਜਾਵੇ ।

**ਯੋਗ ਵਿਦਿਆਰਥੀਆਂ ਦਾ ਵਜੀਫਾ ਅਪਲਾਈ ਕਰਵਾਉਣ ਸਬੰਧੀ ਸਕੂਲ ਪੱਧਰ ਤੇ ਕਾਰਵਾਈ ਕੀਤੀ ਜਾਂਦੀ ਹੈ ਇਸ ਲਈ ਜੇਕਰ ਕਿਸੇ ਯੋਗ ਵਿਦਿਆਰਥੀ ਦਾ ਵਜੀਫਾ ਅਪਲਾਈ ਕਰਨ ਤੋਂ ਰਹਿ ਜਾਂਦਾ ਹੈ ਤਾਂ ਉਸ ਸਬੰਧੀ ਭਵਿੱਖ ਵਿੱਚ ਨਿਕਲਣ ਵਾਲੇ ਸਿੱਟਿਆਂ ਦਾ ਸਬੰਧਤ ਸਕੂਲ ਮੁਖੀ ਨਿੱਜੀ ਜਿੰਮੇਵਾਰ ਹੋਵੇਗਾ** । ਇਸ ਨੂੰ ਅਤਿ ਜਰੂਰੀ ਸਮਝਿਆ ਜਾਵੇ ਜੀ ।

ਜਿਲ੍ਹਾ ਸਿੱਖਿਆ ਅਫਸਰ(ਸੈ:ਸਿ)
ਰੂਪਨਗਰ 09/05/2024

ਜੀ-2

ਦਫਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ,ਪੰਜਾਬ

ਪੰਜਵੀਂ ਮੰਜਿਲ, ਈ-ਬਲਾਕ, ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਫੇਜ਼-8, ਐਸ.ਏ.ਐਸ.ਨਗਰ

(ਵਜੀਫਾ ਸ਼ਾਖਾ)

2024/63838
09/05/2024

ਵੱਲ

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ/ਐ.ਸਿ.)(ਈਮੇਲ ਰਾਹੀਂ)

ਸਮੂਹ ਸਕੂਲ ਮੁਖੀ/ਪ੍ਰਿੰਸੀਪਲ (ਵੈਬਸਾਈਟ ਰਾਹੀਂ)

ਮੀਮੋ ਨੰ. ਈ-69266/2024/15475

ਮਿਤੀ:- 08-05-2024

ਵਿਸ਼ਾ:- ਸ਼ੈਸਨ 2024-25 ਦੌਰਾਨ ਵੱਖ-ਵੱਖ ਸੈਂਟਰਲੀ / ਸਟੇਟ ਸਪਾਂਸਰਡ ਵਜੀਫਾ ਸਕੀਮਾਂ ਅਧੀਨ ਯੋਗ ਵਿਦਿਆਰਥੀਆਂ ਨੂੰ ਅਪਲਾਈ ਕਰਵਾਉਣ ਸਬੰਧੀ।

ਉਕਤ ਵਿਸ਼ੇ ਦੇ ਸਬੰਧ ਵਿੱਚ ਲਿਖਿਆ ਜਾਂਦਾ ਹੈ ਕਿ ਸ਼ੈਸਨ 2024-25 ਦੌਰਾਨ ਵੱਖ-ਵੱਖ ਸੈਂਟਰਲੀ / ਸਟੇਟ ਸਪਾਂਸਰਡ ਵਜੀਫਾ ਸਕੀਮਾਂ ਅਧੀਨ ਯੋਗ ਵਿਦਿਆਰਥੀਆਂ ਨੂੰ ਅਪਲਾਈ ਕਰਵਾਉਣ ਲਈ ਜਲਦ ਹੀ *ਈ-ਪੰਜਾਬ ਪੋਰਟਲ* ਅਤੇ ਨੈਸ਼ਨਲ ਸਕਾਲਰਸਿਪ ਪੋਰਟਲ ਖੋਲਿਆ ਜਾਣਾ ਹੈ। ਇਸ ਲਈ ਯੋਗ ਵਿਦਿਆਰਥੀਆਂ ਨੂੰ ਅਪਲਾਈ ਕਰਵਾਉਣ ਸਮੇਂ ਹੇਠ ਦਰਸਾਏ ਅਨੁਸਾਰ ਦਿਸਾ ਨਿਰੇਦਸ਼ ਧਿਆਨ ਵਿੱਚ ਰੱਖਣੇ ਯਕੀਨੀ ਬਣਾਏ ਜਾਣ :-

1. ਸ਼ੈਸਨ 2024-25 ਦੌਰਾਨ ਦਾਖਲੇ ਸ਼ੁਰੂ ਹੋ ਚੁੱਕੇ ਹਨ। ਇਸ ਲਈ ਵੱਖ-ਵੱਖ ਸੈਂਟਰਲੀ / ਸਟੇਟ ਸਪਾਂਸ਼ਰਡ ਵਜੀਫਾ ਸਕੀਮਾਂ ਅਧੀਨ ਅਪਲਾਈ ਕਰਵਾਉਣ ਲਈ ਯੋਗ ਵਿਦਿਆਰਥੀਆਂ ਦੀ ਚੋਣ ਦਾਖਲੇ ਸਮੇਂ ਹੀ ਕਰ ਲਈ ਜਾਵੇ।
2. ਜਿਹੜੇ ਵਿਦਿਆਰਥੀ ਵਜੀਫੇ ਦੇ ਯੋਗ ਹਨ, ਉਹਨਾਂ ਦੇ ਲੋੜੀਂਦੇ ਦਸਤਾਵੇਜ ਜਿਵੇਂ ਕਿ ਇਨਕਮ ਸਰਟੀਫਿਕੇਟ, ਕਿੱਤਾ ਸਰਟੀਫਿਕੇਟ, ਜਾਤੀ ਸਰਟੀਫਿਕੇਟ, ਡੋਮੀਸਾਈਲ ਸਰਟੀਫਿਕੇਟ,ਆਧਾਰ ਨੰਬਰ ਆਦਿ ਤੁਰੰਤ ਬਣਾ ਲਏ ਜਾਣ। ਯੋਗ ਵਿਦਿਆਰਥੀਆਂ ਦੇ ਬੈਂਕ ਅਕਾਊਂਟ ਐਕਟਿਵ ਹੋਣੇ ਚਾਹੀਦੇ ਹਨ ਅਤੇ ਬੈਂਕ ਖਾਤਾ ਆਧਾਰ ਨਾਲ ਸੀਡਿਡ ਹੋਣਾ ਚਾਹੀਦਾ ਅਤੇ ਮਰਜ ਹੋਈਆ ਬੈਂਕਾਂ ਦੇ IFSC ਕੋਡ ਅਪਡੇਟ ਹੋਣੇ ਚਾਹੀਦੇ ਹਨ। ਇਸ ਲਈ ਇਸ ਸਬੰਧੀ ਤੁਰੰਤ ਧਿਆਨਪੂਰਵਕ ਕਾਰਵਾਈ ਕਰ ਲਈ ਜਾਵੇ।

V.V. Important

3. ਵਜੀਫਾ ਅਪਲਾਈ ਕਰਨ ਸਮੇਂ ਆਉਂਦੀਆਂ ਸਮੱਸਿਆਵਾਂ ਦਾ ਨਿਪਟਾਰਾ ਕਰਨ ਲਈ ਸਕੂਲ ਪੱਧਰ ਤੇ ਸਕੂਲ ਮੁਖੀ ਨੂੰ *ਇਨਸਟੀਚਿਊਟ ਨੋਡਲ ਅਫਸਰ* ਅਤੇ ਜਿਲਾ ਪੱਧਰ ਤੇ ਜਿਲਾ ਸਿੱਖਿਆ ਅਫਸਰ ਨੂੰ *ਜਿਲਾ ਸੈਂਕਸ਼ਨਿੰਗ ਅਥਾਰਟੀ* ਨਿਯੁਕਤ ਕੀਤਾ ਹੋਇਆ ਹੈ।
4. ਈ-ਪੰਜਾਬ ਪੋਰਟਲ ਤੇ ਯੋਗ ਵਿਦਿਆਰਥੀਆਂ ਨੂੰ ਅਪਲਾਈ ਕਰਨ ਵਿੱਚ ਜੇਕਰ ਕਿਸੇ ਵੀ ਸਮੱਸਿਆ ਦਾ ਸਮਾਧਾਨ ਸਕੂਲ ਪੱਧਰ ਤੇ ਜਾਂ ਜਿਲਾ ਪੱਧਰ ਤੇ ਨਹੀਂ ਹੁੰਦਾ ਹੈ ਤਾਂ ਕਾਰਨ ਸਪੱਸ਼ਟ ਕਰਦੇ ਹੋਏ, ਮੁੱਖ ਦਫਤਰ ਨੂੰ ਸਮੱਸਿਆਵਾ ਦਾ ਨਿਪਟਾਰਾ ਕਰਨ ਲਈ scholarshipgrievance@gmail.com ਤੇ ਈਮੇਲ ਕੀਤੀ ਜਾਵੇ।

Scanned with CamScanner

5. ਪਿਛਲੇ ਸ਼ੈਸਨ ਦੌਰਾਨ ਕੁੱਝ ਵਿਦਿਆਰਥੀਆਂ ਦੇ ਰਿਕਾਰਡ ਪੂਰੀ ਤਰ੍ਹਾਂ ਨਾ ਘੋਖਦੇ ਹੋਏ ਕੁੱਝ ਅਯੋਗ ਵਿਦਿਆਰਥੀਆਂ ਨੂੰ ਅਪਲਾਈ ਕਰਵਾ ਦਿਤਾ ਗਿਆ ਸੀ, ਜਿਸ ਕਾਰਨ ਯੋਗ/ਅਯੋਗ ਵਿਦਿਆਰਥੀਆਂ ਦੇ ਡਾਟੇ ਦੀ ਚੋਣ ਕਰਨ ਵਿੱਚ ਵਿਭਾਗ ਦਾ ਕਾਫੀ ਕੀਮਤੀ ਸਮਾਂ ਨਸ਼ਟ ਹੁੰਦਾ ਹੈ। ਇਸ ਲਈ ਜਿਲਾ ਪੱਧਰ ਤੇ ਜਿਲਾ ਵਜੀਫਾ ਨੋਡਲ ਅਫਸਰ (ਸੈਕਸਨਿੰਗ ਅਥਾਰਟੀ) ਵਿਦਿਆਰਥੀਆਂ ਅਤੇ ਸਕੂਲਾਂ ਦਾ ਰਿਕਾਰਡ ਚੰਗੀ ਤਰ੍ਹਾਂ ਚੈੱਕ ਕਰਨ ਉਪਰੰਤ ਹੀ ਵੈਰੀਫਾਈ ਕਰਕੇ ਮੁੱਖ ਦਫਤਰ ਨੂੰ ਡਾਟਾ ਫਾਰਵਰਡ ਕਰਨ ਤਾਂ ਜੋ ਯੋਗ ਵਿਦਿਆਰਥੀਆਂ ਨੂੰ ਹੀ ਵਜੀਫੇ ਦੀ ਅਦਾਇਗੀ ਹੋਵੇ।

6. ਪਿਛਲੇ ਸਾਲਾਂ ਦੇ ਡਾਟੇ ਨੂੰ ਦੇਖਣ ਉਪਰੰਤ ਇਹ ਧਿਆਨ ਵਿੱਚ ਆਇਆ ਹੈ ਕਿ ਐਸ.ਸੀ. ਆਬਾਦੀ ਵੱਧ ਹੋਣ ਦੇ ਬਾਵਜੂਦ, ਅਪਲਾਈ ਕੀਤੇ ਵਿਦਿਆਰਥੀਆਂ ਦੀ ਗਿਣਤੀ ਘੱਟਦੀ ਜਾ ਰਹੀ ਹੈ। ਇਸ ਸਬੰਧੀ ਮਾਣਯੋਗ ਨੈਸ਼ਨਲ ਐਸ.ਸੀ. ਕਮਿਸ਼ਨ, ਨਵੀਂ ਦਿੱਲੀ, ਵੱਲੋਂ ਗੰਭੀਰ ਨੋਟਿਸ ਲਿਆ ਗਿਆ ਹੈ। ਇਸ ਲਈ ਵੱਧ ਤੋਂ ਵੱਧ ਯੋਗ ਵਿਦਿਆਰਥੀਆਂ ਨੂੰ ਉਤਸ਼ਾਹਿਤ ਕਰਦੇ ਹੋਏ ਪੋਰਟਲ ਤੇ ਅਪਲਾਈ ਕਰਵਾਉਣਾ ਯਕੀਨੀ ਬਣਾਇਆ ਜਾਵੇ। ਇਸ ਦੀ ਨਿੱਜੀ ਜਿੰਮੇਵਾਰੀ ਸਕੂਲ ਮੁਖੀ ਦੀ ਹੋਵੇਗੀ।

7. ਸ਼ੈਸਨ 2024-25 ਦੌਰਾਨ ਈ-ਪੰਜਾਬ ਪੋਰਟਲ ਅਤੇ ਨੈਸ਼ਨਲ ਸਕਾਲਰਸਿਪ ਪੋਰਟਲ ਤੇ ਯੋਗ ਵਿਦਿਆਰਥੀਆਂ ਨੂੰ ਸੈਂਟਰਲੀ/ਸਟੇਟ ਸਪਾਂਸਰਡ ਵਜੀਫਾ ਸਕੀਮਾਂ ਦੀਆਂ ਗਾਈਡਲਾਈਨਜ਼ ਅਨੁਸਾਰ ਉਕਤ ਦਰਸਾਏ ਨੂੰ ਧਿਆਨ ਵਿੱਚ ਰੱਖਦੇ ਹੋਏ ਅਪਲਾਈ ਕਰਵਾਉਣਾ ਯਕੀਨੀ ਬਣਾਇਆ ਜਾਵੇ, ਜੇਕਰ ਮਿੱਥੇ ਸਮੇਂ ਦੇ ਅੰਦਰ-ਅੰਦਰ ਕੋਈ ਸਕੂਲ ਯੋਗ ਵਿਦਿਆਰਥੀਆਂ ਨੂੰ ਅਪਲਾਈ ਨਹੀਂ ਕਰਵਾਉਂਦਾ ਜਾਂ ਸਕੂਲ ਪੱਧਰ /ਜਿਲਾ ਪੱਧਰ ਤੋਂ ਡਾਟਾ ਸਮੇਂ ਸਿਰ ਮੁੱਖ ਦਫਤਰ ਨੂੰ ਪੁੱਜਦਾ ਨਹੀਂ ਕੀਤਾ ਜਾਂਦਾ ਹੈ ਤਾਂ ਇਸ ਸਬੰਧੀ ਸਬੰਧਤਾਂ ਤੇ ਬਣਦੀ ਕਾਰਵਾਈ ਕਰਨ ਲਈ ਉੱਚ ਅਧਿਕਾਰੀਆਂ ਨੂੰ ਲਿਖ ਦਿਤਾ ਜਾਵੇਗਾ।

8. ਇਹ ਦੱਸਣਯੋਗ ਹੈ ਕਿ ਪ੍ਰੀ ਮੈਟ੍ਰਿਕ ਸਕਾਲਰਸਿਪ ਫਾਰ ਐਸ.ਸੀ. ਐਂਡ ਅਦਰਜ (ਕੰਪੋਨੈਂਟ-1) ਅਤੇ (ਕੰਪੋਨੈਂਟ-2) ਅਧੀਨ ਯੋਗ ਵਿਦਿਆਰਥੀਆਂ ਨੂੰ ਅਪਲਾਈ ਕਰਨ ਲਈ ਨੈਸ਼ਨਲ ਸਕਾਲਰਸਿਪ ਪੋਰਟਲ 1 ਜੂਨ 2024 ਤੋਂ ਖੋਲ ਦਿਤਾ ਜਾਵੇਗਾ, ਇਸ ਲਈ ਯੋਗ ਵਿਦਿਆਰਥੀਆਂ ਦੇ ਲੋੜੀਂਦੇ ਦਸਤਾਵੇਜ ਪਹਿਲਾ ਹੀ ਮੁਕੰਮਲ ਕਰਵਾ ਕੇ ਰਿਕਾਰਡ ਵਿੱਚ ਰੱਖ ਲਏ ਜਾਣ ਤਾਂ ਜੋ ਸਮੇਂ ਸਿਰ ਯੋਗ ਵਿਦਿਆਰਥੀਆਂ ਨੂੰ ਅਪਲਾਈ ਕਰਵਾਇਆ ਜਾ ਸਕੇ।

V. Imp.

ਗੁਰਮੀਤ 08.05.2024

ਸਹਾਇਕ ਡਾਇਰੈਕਟਰ (ਵਜੀਫਾ)